ਬਸੰਤੁ ਮਹਲਾ ੫ ॥ ਹਟਵਾਣੀ ਧਨ ਮਾਲ ਹਾਟੁ ਕੀਤੁ ॥ ਜੂਆਰੀ ਜੂਏ ਮਾਹਿ ਚੀਤੁ ॥ ਅਮਲੀ ਜੀਵੈ ਅਮਲੁ ਖਾਇ ॥ ਤਿਉ ਹਰਿ ਜਨੁ ਜੀਵੈ ਹਰਿ ਧਿਆਇ ॥੧॥ ਅਪਨੈ ਰੰਗਿ ਸਭੁ ਕੋ ਰਚੈ ॥ ਜਿਤੁ ਪ੍ਰਭਿ ਲਾਇਆ ਤਿਤੁ ਤਿਤੁ ਲਗੈ ॥ ੧॥ ਰਹਾਉ ॥ ਮੇਘ ਸਮੈ ਮੋਰ ਨਿਰਤਿਕਾਰ ॥ ਚੰਦ ਦੇਖਿ ਬਿਗਸਹਿ ਕਉਲਾਰ ॥ ਮਾਤਾ ਬਾਰਿਕ ਦੇਖਿ ਅਨੰਦ ॥ ਤਿਉ ਹਰਿ ਜਨ ਜੀਵਹਿ ਜਪਿ ਗੋਬਿੰਦ ॥੨॥ ਸਿੰਘ ਰੁਚੈ ਸਦ ਭੋਜਨੁ ਮਾਸ ॥ ਰਣੁ ਦੇਖਿ ਸੂਰੇ ਚਿਤ ਉਲਾਸ ॥ ਕਿਰਪਨ ਕਉ ਅਤਿ ਧਨ ਪਿਆਰੁ॥ ਹਰਿ ਜਨ ਕਉ ਹਰਿ ਹਰਿ ਆਧਾਰੁ ॥੩॥ ਸਰਬ ਰੰਗ ਇਕ ਰੰਗ ਮਾਹਿ ॥ ਸਰਬ ਸੁਖਾ ਸੁਖ ਹਰਿ ਕੈ ਨਾਇ ॥ ਤਿਸਹਿ ਪਰਾਪਤਿ ਇਹੁ ਨਿਧਾਨੁ ॥ ਨਾਨਕ ਗੁਰੁ ਜਿਸੁ ਕਰੇ ਦਾਨੁ ॥੪॥੨॥ {ਪੰਨਾ 1180}

ਪਦਅਰਥ:- ਹਟਵਾਣੀ—ਹੱਟੀ ਵਾਲਾ, ਦੁਕਾਨਦਾਰ। ਹਾਟੁ—ਹੱਟ। ਕੀਤੁ—ਕਰਦਾ ਹੈ। ਮਾਹਿ—ਵਿਚ। ਅਮਲੀ—ਅਫੀਮੀ। ਖਾਇ—ਖਾ ਕੇ। ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਧਿਆਇ—ਸਿਮਰ ਕੇ।1।

ਅਪਨੈ ਰੰਗਿ—ਆਪਣੇ ਮਨ-ਭਾਉਂਦੇ ਸੁਆਦ ਵਿਚ। ਸਭੁ ਕੋ—ਹਰੇਕ ਜੀਵ। ਰਚੈ—ਮਸਤ ਰਹਿੰਦਾ ਹੈ। ਜਿਤੁ—ਜਿਸ (ਰੰਗ) ਵਿਚ। ਪ੍ਰਭਿ—ਪ੍ਰਭੂ ਨੇ। ਤਿਤੁ—ਉਸ (ਰੰਗ) ਵਿਚ।1। ਰਹਾਉ।

ਮੇਘ—ਬੱਦਲ। ਨਿਰਤਿਕਾਰ—{nãq`—to dance} ਨਾਚ, ਪੈਲ। ਦੇਖਿ—ਵੇਖ ਕੇ। ਬਿਗਸਹਿ—ਖਿੜਦੀਆਂ ਹਨ। ਕਉਲਾਰ—ਕੰਮੀਆਂ। ਹਰਿ ਜਨ—ਪਰਮਾਤਮਾ ਦੇ ਭਗਤ। ਜੀਵਹਿ—ਆਤਮਕ ਜੀਵਨ ਹਾਸਲ ਕਰਦੇ ਹਨ {ਬਹੁ-ਵਚਨ}। ਜਪਿ—ਜਪ ਕੇ।2।

ਸਿੰਘ—ਸ਼ੇਰ। ਰੁਚੈ—ਖ਼ੁਸ਼ ਹੁੰਦਾ ਹੈ। ਸਦ—ਸਦਾ। ਰਣੁ—ਜੁੱਧ। ਸੂਰ—ਸੂਰਮਾ। ਉਲਾਸ—ਹੁਲਾਰਾ, ਜੋਸ਼। ਕਿਰਪਨ—ਕੰਜੂਸ, ਸ਼ੂਮ। ਆਧਾਰੁ—ਆਸਰਾ।3।

ਸਰਬ—ਸਾਰੇ। ਇਕ ਰੰਗ ਮਾਹਿ—ਇਕ ਨਾਮ ਰੰਗ ਵਿਚ। ਨਾਇ—ਨਾਮ ਵਿਚ। ਹਰਿ ਕੇ ਨਾਇ—ਹਰੀ ਦੇ ਨਾਮ ਵਿਚ। ਤਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ (ਮਨੁੱਖ) ਨੂੰ ਹੀ। ਨਿਧਾਨੁ—(ਨਾਮ-) ਖ਼ਜ਼ਾਨਾ। ਕਰੇ ਦਾਨ—ਖੈਰ ਪਾਂਦਾ ਹੈ।4।

ਅਰਥ:- ਹੇ ਭਾਈ! ਹਰੇਕ ਜੀਵ ਆਪੋ ਆਪਣੇ ਮਨ-ਭਾਉਂਦੇ ਸੁਆਦ ਵਿਚ ਮਸਤ ਰਹਿੰਦਾ ਹੈ, (ਪਰ) ਪ੍ਰਭੂ ਨੇ (ਹੀ) ਜਿਸ (ਸੁਆਦ) ਵਿਚ ਲਾਇਆ ਹੈ, ਉਸ ਉਸ (ਸੁਆਦ) ਵਿਚ (ਹਰੇਕ ਜੀਵ) ਲੱਗਾ ਰਹਿੰਦਾ ਹੈ।1। ਰਹਾਉ।

ਹੇ ਭਾਈ! (ਜਿਵੇਂ ਕੋਈ) ਦੁਕਾਨਦਾਰ (ਆਪਣੇ ਮਨ-ਪਸੰਦ ਦੇ) ਮਾਲ-ਧਨ ਦੀ ਦੁਕਾਨ ਚਲਾਂਦਾ ਹੈ, (ਜਿਵੇਂ ਕਿਸੇ) ਜੁਆਰੀਏ ਦਾ ਮਨ ਜੂਏ ਵਿਚ ਮਗਨ ਰਹਿੰਦਾ ਹੈ, ਜਿਵੇਂ ਕੋਈ ਅਫੀਮੀ ਅਫੀਮ ਖਾ ਕੇ ਸੁਖ ਪ੍ਰਤੀਤ ਕਰਦਾ ਹੈ, ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਦਾ ਨਾਮ ਸਿਮਰ ਕੇ ਆਤਮਕ ਜੀਵਨ ਹਾਸਲ ਕਰਦਾ ਹੈ।1।

ਹੇ ਭਾਈ! ਘਟਾਂ ਚੜ੍ਹਦੀਆਂ ਹਨ ਤਾਂ ਮੋਰ ਪੈਲਾਂ ਪਾਂਦੇ ਹਨ, ਚੰਦ ਨੂੰ ਵੇਖ ਕੇ ਕੰਮੀਆਂ ਖਿੜਦੀਆਂ ਹਨ, (ਆਪਣੇ) ਬੱਚੇ ਨੂੰ ਵੇਖ ਕੇ ਮਾਂ ਖ਼ੁਸ਼ ਹੁੰਦੀ ਹੈ, ਤਿਵੇਂ ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਭਗਤ ਆਤਮਕ ਹੁਲਾਰੇ ਵਿਚ ਆਉਂਦੇ ਹਨ।2।

ਹੇ ਭਾਈ! ਮਾਸ ਦਾ ਭੋਜਨ ਮਿਲੇ ਤਾਂ ਸ਼ੇਰ ਸਦਾ ਖ਼ੁਸ਼ ਹੁੰਦਾ ਹੈ, ਜੁੱਧ ਵੇਖ ਕੇ ਸੂਰਮੇ ਦੇ ਚਿੱਤ ਨੂੰ ਜੋਸ਼ ਆਉਂਦਾ ਹੈ, ਸ਼ੂਮ ਨੂੰ ਧਨ ਦਾ ਬਹੁਤ ਲੋਭ ਹੁੰਦਾ ਹੈ। (ਤਿਵੇਂ) ਪਰਮਾਤਮਾ ਦੇ ਭਗਤ ਨੂੰ ਪਰਮਾਤਮਾ ਦੇ ਨਾਮ ਦਾ ਆਸਰਾ ਹੁੰਦਾ ਹੈ।3।

ਪਰ, ਹੇ ਭਾਈ! (ਦੁਨੀਆ ਦੇ) ਸਾਰੇ ਸੁਆਦ ਪਰਮਾਤਮਾ ਦੇ ਨਾਮ ਦੇ ਸੁਆਦ ਦੇ ਵਿਚ ਹੀ ਆ ਜਾਂਦੇ ਹਨ (ਨਾਮ-ਰਸ ਨਾਲੋਂ ਘਟੀਆ ਹਨ)। ਸਾਰੇ ਵੱਡੇ ਤੋਂ ਵੱਡੇ ਸੁਖ ਪਰਮਾਤਮਾ ਦੇ ਨਾਮ ਵਿਚ ਹੀ ਹਨ। ਹੇ ਨਾਨਕ! ਇਹ ਨਾਮ-ਖ਼ਜ਼ਾਨਾ ਉਸ ਮਨੁੱਖ ਨੂੰ ਹੀ ਮਿਲਦਾ ਹੈ, ਜਿਸ ਨੂੰ ਗੁਰੂ ਦੇਂਦਾ ਹੈ।4।2।